# Phone call between Prime Minister Shri Narendra Modi and H.E. Charles Michel, President of the European Council

March 01, 2022

# ਯੂਰਪੀਅਨ ਕੌਂਸਲ ਦੇ ਪ੍ਰਧਾਨ ਮਹਾਮਹਿਮ ਚਾਰਲਸ ਮਾਈਕਲ ਅਤੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਦਰਮਿਆਨ ਫੋਨ ’ਤੇ ਗੱਲਬਾਤ

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਯੂਰਪੀਅਨ ਕੌਂਸਲ ਦੇ ਪ੍ਰਧਾਨ ਮਹਾਮਹਿਮ ਚਾਰਲਸ ਮਾਈਕਲ ਨਾਲ ਫੋਨ ’ਤੇ ਗੱਲਬਾਤ ਕੀਤੀ।

ਪ੍ਰਧਾਨ ਮੰਤਰੀ ਨੇ ਯੂਕ੍ਰੇਨ ਵਿੱਚ ਵਿਗੜਦੀ ਸਥਿਤੀ ਅਤੇ ਮਾਨਵੀ ਸੰਕਟ ’ਤੇ ਚਿੰਤਾ ਪ੍ਰਗਟਾਈ। ਉਨ੍ਹਾਂ ਨੇ ਯੁੱਧ ਸਮਾਪਤ ਕਰਨ ਅਤੇ ਵਾਰਤਾ ਵੱਲ ਪਰਤਣ ਦੀ ਭਾਰਤ ਦੀ ਅਪੀਲ ਨੂੰ ਦੁਹਰਾਇਆ।

ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਸਮਕਾਲੀ ਆਲਮੀ ਵਿਵਸਥਾ, ਅੰਤਰਰਾਸ਼ਟਰੀ ਕਾਨੂੰਨ, ਸੰਯੁਕਤ ਰਾਸ਼ਟਰ ਚਾਰਟਰ ਅਤੇ ਸਭ ਦੇਸ਼ਾਂ ਦੀ ਖੇਤਰੀ ਅਖੰਡਤਾ ਅਤੇ ਪ੍ਰਭੂਸੱਤਾ ਦੇ ਸਨਮਾਨ ’ਤੇ ਅਧਾਰਿਤ ਹੈ।

ਪ੍ਰਧਾਨ ਮੰਤਰੀ ਨੇ ਦੋਹਾਂ ਧਿਰਾਂ ਦੇ ਦਰਮਿਆਨ ਵਾਰਤਾ ਦਾ ਸਆਗਤ ਕੀਤਾ। ਉਨ੍ਹਾਂ ਨੇ ਸਭ ਲੋਕਾਂ ਤੱਕ ਮੁਕਤ ਅਤੇ ਨਿਰਵਿਘਨ ਮਾਨਵੀ ਪਹੁੰਚ ਅਤੇ ਸੁਚਾਰੂ ਆਵਾਗਮਨ ਸੁਨਿਸ਼ਚਿਤ ਕਰਨ ਦੇ ਮਹੱਤਵ ’ਤੇ ਜ਼ੋਰ ਦਿੱਤਾ।

ਪ੍ਰਧਾਨ ਮੰਤਰੀ ਨੇ ਪ੍ਰਭਾਵਿਤ ਖੇਤਰਾਂ ਵਿੱਚ ਦਵਾਈਆਂ ਸਮੇਤ ਅਤਿ ਜ਼ਰੂਰੀ ਰਾਹਤ ਸਮੱਗਰੀ ਭੇਜਣ ਦੇ ਲਈ ਭਾਰਤ ਦੁਆਰਾ ਕੀਤੇ ਜਾ ਰਹੇ ਪ੍ਰਯਤਨਾਂ ਬਾਰੇ ਦੱਸਿਆ।

ਨਵੀਂ ਦਿੱਲੀ

01 ਮਾਰਚ, 2022

DISCLAIMER: This is an approximate translation. The original is available in English on MEA’s website and may be referred to as the official press release.